ਸ਼੍ਰੇਣੀ-ਬਾਰ੍ਹਵੀਂ

ਚੋਣਵੀਂ ਪੰਜਾਬੀ (ਵਿਲੱਖਣ ਸਮਰੱਥਾ ਵਾਲ਼ੇ ਵਿਦਿਆਰਥੀਆਂ ਲਈ)

ਪ੍ਰਸ਼ਨ-ਪੱਤਰ ਦੀ ਰੂਪ-ਰੇਖਾ (2025-26)

ਸਮਾਂ : 3 ਘੰਟੇ **ਲਿਖਤੀ ਅੰਕ:80**

ਆਂਤਰਿਕ ਮੁਲਾਂਕਣ:20

ਕੁੱਲ ਅੰਕ:100

ਨੋਟ : 1. ਪ੍ਰਸ਼ਨ-ਪੱਤਰ ਦੇ ਕੁੱਲ 6 ਪ੍ਰਸ਼ਨ ਹੋਣਗੇ।

2. ਸਾਰੇ ਪ੍ਰਸ਼ਨ ਜ਼ਰੂਰੀ ਹੋਣਗੇ।

3. ਵਸਤੂਨਿਸ਼ਠ ਪ੍ਰਸ਼ਨ ਦੇ ਚਾਰ ਭਾਗ (ੳ),(ਅ),(ੲ) ਅਤੇ (ਸ) ਹੋਣਗੇ। ਹਰੇਕ ਭਾਗ ਵਿੱਚ ਪੰਜ ਪ੍ਰਸ਼ਨ ਹੋਣਗੇ। ਹਰੇਕ ਪ੍ਰਸ਼ਨ ਦੋ ਅੰਕਾਂ ਦਾ ਹੋਵੇਗਾ।

ਪ੍ਰਸ਼ਨ 1. ਵਸਤੂਨਿਸ਼ਠ ਪ੍ਰਸ਼ਨ: **20×2=40**

ਭਾਗ (ੳ) : ਇਸ ਵਿੱਚ ਇੱਕ-ਦੋ ਸ਼ਬਦਾਂ ਵਿੱਚ ਉੱਤਰ ਲਿਖਣ ਵਾਲ਼ੇ 5 ਪ੍ਰਸ਼ਨ ਹੋਣਗੇ।

ਭਾਗ (ਅ) : ਇਸ ਵਿੱਚ ਬਹੁ-ਚੋਣਵੇਂ ਉੱਤਰਾਂ ਵਾਲ਼ੇ 5 ਪ੍ਰਸ਼ਨ ਹੋਣਗੇ।

ਭਾਗ (ੲ) : ਇਸ ਵਿੱਚ ਕਥਨ ਦੇ ਠੀਕ ਜਾਂ ਗਲਤ ਹੋਣ ਬਾਰੇ 5 ਪ੍ਰਸ਼ਨ ਹੋਣਗੇ।

ਭਾਗ (ਸ) : ਇਸ ਵਿੱਚ ਸ਼ਾਮਲ 5 ਪ੍ਰਸ਼ਨਾਂ ਵਿੱਚ ਖਾਲੀ ਥਾਵਾਂ ਭਰਨ ਲਈ ਕਿਹਾ ਜਾਵੇਗਾ।

ਇਹ ਵਸਤੂਨਿਸ਼ਠ ਪ੍ਰਸ਼ਨ ਬੋਰਡ ਵੱਲੋਂ ਵਿਸ਼ੇ ਦੀਆਂ ਨਿਰਧਾਰਿਤ ਪਾਠ-ਪੁਸਤਕਾਂ ਵਿੱਚੋਂ ਲੁੜੀਂਦੇ ਅਨੁਪਾਤ ਅਨੁਸਾਰ ਹੋਣਗੇ।

ਪ੍ਰਸ਼ਨ 2. ਇਸ ਪ੍ਰਸ਼ਨ ਵਿੱਚ 'ਮੱਧ-ਕਾਲੀਨ ਪੰਜਾਬੀ-ਕਾਵਿ (ਝਲਕਾਂ ਤੇ ਇਤਿਹਾਸ)' ਪਾਠ-ਪੁਸਤਕ ਦੇ ਸੂਫ਼ੀ-ਕਾਵਿ ਅਤੇ ਗੁਰਮਤਿ-ਕਾਵਿ ਵਿੱਚੋਂ ਇੱਕ-ਇੱਕ ਰਚਨਾ ਦੇ ਕਾਵਿ-ਅੰਸ਼ ਦੇ ਕੇ ਕਿਸੇ ਇੱਕ ਦੀ ਪ੍ਰਸੰਗ ਸਹਿਤ ਵਿਆਖਿਆ ਕਰਨ ਲਈ ਕਿਹਾ ਜਾਵੇਗਾ। ਪ੍ਰਸੰਗ ਲਈ 3 ਅਤੇ ਵਿਆਖਿਆ ਲਈ 5 ਅੰਕ ਹੋਣਗੇ। **3+5=8**

ਪ੍ਰਸ਼ਨ 3. ਇਸ ਪ੍ਰਸ਼ਨ ਵਿੱਚ 'ਮੱਧ-ਕਾਲੀਨ ਪੰਜਾਬੀ-ਕਾਵਿ (ਝਲਕਾਂ ਤੇ ਇਤਿਹਾਸ)' ਪਾਠ-ਪੁਸਤਕ ਦੇ ਸੂਫ਼ੀ-ਕਾਵਿ ਅਤੇ ਗੁਰਮਤਿ-ਕਾਵਿ ਵਿੱਚੋਂ ਇੱਕ-ਇੱਕ ਰਚਨਾ ਦਾ ਨਾਂ ਦੇ ਕੇ ਕਿਸੇ ਇੱਕ ਰਚਨਾ/ਕਵਿਤਾ ਦਾ ਕੇਂਦਰੀ ਭਾਵ ਲਿਖਣ ਲਈ ਕਿਹਾ ਜਾਵੇਗਾ। **05**

ਪ੍ਰਸ਼ਨ 4. ਇਸ ਭਾਗ ਵਿੱਚ 'ਮੱਧ-ਕਾਲੀਨ ਪੰਜਾਬੀ-ਕਾਵਿ (ਝਲਕਾਂ ਤੇ ਇਤਿਹਾਸ)' ਪਾਠ-ਪੁਸਤਕ ਦੇ ਕਿੱਸਾ-ਕਾਵਿ ਅਤੇ ਬੀਰ-ਕਾਵਿ ਨਾਲ਼ ਸੰਬੰਧਿਤ ਪਾਠ-ਅਭਿਆਸਾਂ ਵਿੱਚੋਂ ਦੋ ਪ੍ਰਸ਼ਨ ਦੇ ਕੇ ਕਿਸੇ ਇੱਕ ਪ੍ਰਸ਼ਨ ਦਾ ਉੱਤਰ ਲਿਖਣ ਲਈ ਕਿਹਾ ਜਾਵੇਗਾ। **08**

ਪ੍ਰਸ਼ਨ 5. 'ਆਪ-ਬੀਤੀਆਂ' ਪਾਠ-ਪੁਸਤਕ ਦੇ ਅਭਿਆਸੀ ਪ੍ਰਸ਼ਨਾਂ ਵਿੱਚੋਂ ਛੇ ਪ੍ਰਸ਼ਨ ਦੇ ਕੇ ਕਿਸੇ ਤਿੰਨ ਪ੍ਰਸ਼ਨਾਂ ਦੇ ਉੱਤਰ ਲਿਖਣ ਲਈ ਕਿਹਾ ਜਾਵੇਗਾ।ਹਰੇਕ ਪ੍ਰਸ਼ਨ ਦਾ ਉੱਤਰ 4 ਅੰਕਾਂ ਦਾ ਹੋਵੇਗਾ। **3×4=12**

ਪ੍ਰਸ਼ਨ 6. 'ਸਾਹਿਤ-ਬੋਧ' ਪਾਠ-ਪੁਸਤਕ ਵਿੱਚੋਂ ਕੋਈ ਤਿੰਨ ਸਾਹਿਤ-ਰੂਪ ਦੇ ਕੇ ਕਿਸੇ ਇੱਕ ਬਾਰੇ ਨੋਟ ਲਿਖਣ ਲਈ ਕਿਹਾ ਜਾਵੇਗਾ।ਇਸ ਵਿੱਚ ਸੰਬੰਧਿਤ ਸਾਹਿਤ-ਰੂਪ ਦੀ ਮੌਲਿਕ ਪਰਿਭਾਸ਼ਾ ਦੇਣ ਦੇ 2 ਅੰਕ, ਉਸ ਦੇ ਤੱਤ/ਵਿਸ਼ੇਸ਼ਤਾਵਾਂ ਦੇ 4 ਅੰਕ ਅਤੇ ਉਸ ਸਾਹਿਤ-ਰੂਪ ਨਾਲ਼ ਸੰਬੰਧਿਤ ਪੰਜਾਬੀ ਦੇ ਕਿਸੇ ਦੋ ਲੇਖਕਾਂ/ਰਚਨਾਵਾਂ ਦੇ ਨਾਂ ਲਿਖਣ ਦਾ 1 ਅੰਕ ਹੋਵੇਗਾ। **2+4+1=7**